

ਫਲੈਗ ਮਾਰਚ ਦੌਰਾਨ ਡੀ.ਆਈ.ਜੀ. ਗੁਰਪ੍ਰੀਤ ਸਿੰਘ ਭੁੱਲਰ, ਨਾਲ ਜ਼ਿਲ੍ਹਾ ਪੁਲਿਸ ਮੁਖੀ ਡਾ. ਸੰਦੀਪ ਗਰਗ ਸਮੇਤ ਹੋਰ ਪੁਲਿਸ ਅਧਿਕਾਰੀ।

# ਡੀ.ਆਈ.ਜੀ. ਦੀ ਅਗਵਾਈ ਹੇਠ ਰੂਪਨਗਰ ਪੁਲਿਸ ਨੇ ਕੱਢਿਆ ਫਲੈਗ ਮਾਰਚ

ਰੂਪਨਗਰ, 12 ਅਗਸਤ (ਸਟਾਫ਼ ਰਿਪੋਰਟਰ)-75ਵੇਂ ਆਜ਼ਾਦੀ ਦਿਹਾੜੇ ਸੰਬੰਧੀ ਪੁਲੀਸ ਨੇ ਸੁਰੱਖਿਆ ਨੂੰ ਲੈ ਕੇ ਪੂਰੀ ਤਰ੍ਹਾਂ ਕਮਰ ਕੱਸ ਲਈ ਹੈ। ਅੱਜ ਰੂਪਨਗਰ ਰੇਂਜ ਦੇ ਡੀ.ਆਈ.ਜੀ. ਗੁਰਪ੍ਰੀਤ ਸਿੰਘ ਭੁੱਲਰ ਦੀ ਅਗਵਾਈ ਹੇਠ ਰੂਪਨਗਰ ਪੁਲੀਸ ਦੇ ਜ਼ਿਲ੍ਹਾ ਪੁਲੀਸ ਮੁਖੀ ਡਾ. ਸੰਦੀਪ ਗਰਗ ਸਮੇਤ ਵੱਡੇ ਅਫ਼ਸਰਾਂ ਤੇ ਮੁਲਾਜ਼ਮਾਂ ਨੇ ਫਲੈਗ ਮਾਰਚ ਕੱਢਿਆ। ਡੀ.ਆਈ.ਜੀ. ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀਆਂ ਹਦਾਇਤਾਂ ਮੁਤਾਬਿਕ ਪੰਜਾਬ ਵਿਚ ਸਪੈਸ਼ਲ ਓਪਰੇਸ਼ਨ ਚੱਲ ਰਹੇ ਹਨ ਜਿਨ੍ਹਾਂ ਦੇ ਸਾਰਥਿਕ ਸਿੱਟੇ ਵੀ ਨਿਕਲ ਰਹੇ ਹਨ। ਉਨ੍ਹਾਂ ਕਿਹਾ ਕਿ ਅਮਨ ਸ਼ਾਂਤੀ ਦੀ ਬਹਾਲੀ ਲਈ ਪੁਲੀਸ ਨੇ ਪੂਰੇ ਪ੍ਰਬੰਧ ਕਰ ਲਏ ਹਨ। ਇਸ ਮੌਕੇ ਐਸ.ਪੀ. (ਐਚ) ਰਾਜਪਾਲ ਸਿੰਘ ਹੁੰਦਲ ਓਲੰਪੀਅਨ, ਐਸ.ਪੀ. (ਡੀ.) ਮਨਿੰਦਰਵੀਰ ਸਿੰਘ, ਡੀ.ਐਸ.ਪੀ. ਦੀਪਇੰਦਰ ਕੌਰ, ਡੀ.ਐਸ.ਪੀ. ਤਲਵਿੰਦਰ ਸਿੰਘ ਗਿੱਲ, ਡੀ.ਐਸ.ਪੀ. ਤਰਲੋਚਨ ਸਿੰਘ, ਡੀ.ਐਸ.ਪੀ ਪ੍ਰਸ਼ੋਤਮ ਸਿੰਘ ਬੱਲ, ਡੀ.ਐਸ.ਪੀ. ਗੁਰਮੀਤ ਸਿੰਘ, ਡੀ.ਐਸ.ਪੀ. ਜਤਿੰਦਰ ਸਿੰਘ ਸਮੇਤ ਐਸ.ਐਚ.ਓ ਪਵਨ ਚੌਧਰੀ ਅਤੇ ਵੱਡੀ ਗਿਣਤੀ ਐਸ.ਆਈ., ਏ.ਐਸ.ਆਈ. ਅਤੇ ਮੁਲਾਜ਼ਮ ਸ਼ਾਮਲ ਸਨ।

ਅਜੀਤ ®©
13-Aug-2022
Page: 7
http://epaper.ajitjalandhar.com/edition/20220813/10/7.cms